# ਪੰਜਾਬ ਸਕੂਲ ਸਿੱਖਿਆ ਬੋਰਡ

## (ਰਜਿਸਟ੍ਰੇਸ਼ਨ ਸ਼ਾਖਾ)

### ਸੂਚਨਾ

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਪੰਜਾਬ ਰਾਜ ਦੇ ਸਮੂਹ ਸਰਕਾਰੀ/ਏਡਿਡ/ ਐਫ਼ੀਲਿਏਟਿਡ/ਐਸੋਸੀਏਟਿਡ ਸਕੂਲ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2023-24 ਲਈ ਬੋਰਡ ਨਾਲ ਸਬੰਧਤ ਨੌਵੀਂ ਅਤੇ ਗਿਆਰ੍ਹਵੀਂ ਸ਼੍ਰੇਣੀਆਂ ਦੇ ਦੂਜੇ ਰਾਜਾਂ/ਬੋਰਡਾਂ ਤੋਂ ਆਉਣ ਵਾਲੇ ਵਿਦਿਆਰਥੀਆਂ ਦੇ ਰਜਿਸਟ੍ਰੇਸ਼ਨ ਨੰਬਰ ਜਾਰੀ ਕਰਨ ਲਈ ਰਜਿਸਟ੍ਰੇਸ਼ਨ/ ਕੰਟੀਨਿਊਸ਼ਨ ਸਬੰਧੀ ਕਈ ਸਕੂਲਾਂ ਵੱਲੋਂ ਕੁਝ ਵਿਦਿਆਰਥੀਆਂ ਦੇ ਦਸਤਾਵੇਜ਼ ਜਮ੍ਹਾਂ ਨਹੀ ਕਰਵਾਏ ਗਏ ਜਾਂ ਅਧੂਰੇ ਹਨ, ਅਜਿਹੇ ਵਿਦਿਆਰਥੀਆਂ ਦੇ ਰਜਿਸਟ੍ਰੇਸ਼ਨ ਨੰਬਰ ਦੀ ਥਾਂ ਦਸਤਾਵੇਜ਼ ਨਾ ਹੋਣ ਕਾਰਨ error ਲਗਾਏ ਗਏ ਹਨ। Errors ਸਬੰਧੀ ਆਪਣੇ ਸਕੂਲ login ID ਦੇ Registration Portal ਅਧੀਨ ਫਾਰਮਾਂ ਵਿੱਚ ਜਾ ਕੇ ਜਾਂ Other Board Registration No. ਲਿੰਕ ਅਧੀਨ ਚੈੱਕ ਕੀਤਾ ਜਾਵੇ ਅਤੇ ਇਨ੍ਹਾਂ ਲੱਗੇ errors ਨੂੰ ਦੂਰ ਕਰਨ ਲਈ ਸਬੰਧਤ ਦਸਤਾਵੇਜ਼ ਰਜਿਸਟ੍ਰੇਸ਼ਨ ਸ਼ਾਖਾ, ਪੰਜਾਬ ਸਕੂਲ ਸਿੱਖਿਆ ਬੋਰਡ, ਮੋਹਾਲੀ ਵਿਖੇ ਜਮ੍ਹਾਂ ਕਰਵਾਉਣ ਲਈ **ਸਕੂਲਾਂ ਨੂੰ ਮਿਤੀ 28 ਮਾਰਚ 2024 ਤੱਕ ਬਿਨਾਂ ਜੁਰਮਾਨਾ ਫੀਸ ਦੇ ਹੋਰ ਸਮਾਂ ਦਿੱਤਾ ਜਾਂਦਾ ਹੈ**। ਉਸ ਉਪਰੰਤ ਵੀ ਜਿਹੜੇ ਵਿਦਿਆਰਥੀਆਂ ਦੇ ਦਸਤਾਵੇਜ਼ ਜਮ੍ਹਾਂ ਨਹੀਂ ਕਰਵਾਏ ਜਾਂਦੇ ਹਨ, ਉਹਨਾਂ ਸਕੂਲਾਂ ਤੋਂ **30 ਅਪ੍ਰੈਲ ਤੱਕ 500/- ਰੁ: ਅਤੇ ਉਸ ਉਪਰੰਤ 1000/- ਰੁ: ਪ੍ਰਤੀ ਵਿਦਿਆਰਥੀ ਜੁਰਮਾਨਾ ਫੀਸ** ਲੈ ਕੇ ਹੀ errors ਨੂੰ ਦੂਰ ਕਰਦੇ ਹੋਏ ਰਜਿਸਟ੍ਰੇਸ਼ਨ ਨੰਬਰ ਜਾਰੀ ਕੀਤੇ ਜਾਣਗੇ । ਇੱਥੇ ਇਹ ਵੀ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2023-24 ਦੀ ਰਜਿਸਟ੍ਰੇਸ਼ਨ/ ਕੰਟੀਨਿਊਸ਼ਨ ਲਈ ਜਿੰਨ੍ਹਾਂ ਵਿਦਿਆਰਥੀਆਂ ਨੂੰ error ਲੱਗੇ ਹੋਣਗੇ ,ਉਹਨਾਂ ਵਿਦਿਆਰਥੀਆਂ ਦਾ ਨਤੀਜਾ ਅਪਲੋਡ ਨਹੀ ਹੋ ਸਕੇਗਾ ਅਤੇ ਉਹ ਅਗਲੀ ਸ਼੍ਰੇਣੀ ਵਿੱਚ Import ਵੀ ਨਹੀ ਕੀਤੇ ਜਾ ਸਕਣਗੇ ।

11/3/24

ਸੁਪਰਡੰਟ (ਰਜਿ.)